# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 19-04-2025**

- ਵਿਸ਼ਵ ਜਿਗਰ ਦਿਵਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸਰਕਾਰ ਦੇਸ਼ ਵਿੱਚ ਸਿਹਤ ਸੰਭਾਲ ਲਈ ਇੱਕ ਸੰਪੂਰਨ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ।
- ਪੰਜਾਬ ਪੁਲਿਸ ਨੇ ISI-ਅਧਾਰਿਤ ਦੋ ਦਹਿਸ਼ਤਗਰਦ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ, ਉਨ੍ਹਾਂ ਦੇ 13 ਕਾਰਕੁਨਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫਤਾਰ ਕੀਤਾ।
- ਪੰਜਾਬ ਸਰਕਾਰ ਨੇ ਸਿਫ਼ਾਰਸ਼ ਕੀਤੇ ਬੀ.ਟੀ. ਕਾਟਨ ਹਾਈਬ੍ਰਿਡ ਬੀਜਾਂ 'ਤੇ 33 ਫੀਸਦ ਸਬਸਿਡੀ ਦੇਣ ਦਾ ਕੀਤਾ ਫੈਸਲਾ ।
- ਭਾਰਤ ਦੇ ਪਹਿਲੇ ਉਪਗ੍ਰਹਿ ਆਰੀਆਭੱਟ ਨੇ ਅੱਜ 50 ਸਾਲ ਪੂਰੇ ਕੀਤੇ ।
- ਪੰਜਾਬ ਸਮੇਤ ਕਈ ਥਾਈਂ ਭੂਚਾਲ ਦੇ ਝਟਕੇ ਕੀਤੇ ਗਏ ਮਹਿਸੂਸ ਅਤੇ ਸੂਬੇ ਵਿੱਚ ਬੀਤੇ 24 ਘੰਟਿਆਂ 'ਚ ਕਈ ਥਾਈਂ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ ਅਤੇ ਝੱਖੜ ਵੀ ਆਏ ਨੇ - ਮੌਸਮ

ਵਿਭਾਗ ਨੇ ਅੱਜ ਅਤੇ ਕੱਲ, ਕੁਝ ਥਾਵਾਂ 'ਤੇ ਹਲਕੀ ਵਰਖਾ ਹੋਣ ਦੀ ਪੇਸ਼ੀਨਗੋਈ ਕੀਤੀ ।

--------------------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਸਰਕਾਰ, ਦੇਸ਼ ਵਿੱਚ ਸਿਹਤ ਸੰਭਾਲ ਲਈ ਇੱਕ ਸੰਪੂਰਨ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ। ਉਨ੍ਹਾਂ ਇਹ ਗੱਲ ਵਿਸ਼ਵ ਜਿਗਰ ਦਿਵਸ ਦੇ ਮੌਕੇ 'ਤੇ ਨਵੀਂ ਦਿੱਲੀ ਵਿੱਚ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਿਜ਼ ਵੱਲੋਂ ਕਰਵਾਏ, 'ਸਿਹਤਮੰਦ ਜਿਗਰ -ਸਿਹਤਮੰਦ ਭਾਰਤ' ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਹੀ। ਅਮਿਤ ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਪਿਛਲੇ 11 ਸਾਲਾਂ ਵਿੱਚ ਸਿਹਤ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਵਿਸਥਾਰ ਹੋਇਆ ਏ। **BYTE:**
ਲੋਕਾਂ ਵਿੱਚ ਜਿਗਰ ਦੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਵਧਾਉਣ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਅਮਿਤ ਸ਼ਾਹ ਨੇ ਲੋਕਾਂ ਖਾਸਕਰ ਨੌਜਵਾਨਾਂ ਨੂੰ ਚੰਗੀ ਸਿਹਤ ਬਣਾਈ ਰੱਖਣ ਲਈ ਪੌਸ਼ਟਿਕ ਖੁਰਾਕ, ਲੋੜੀਂਦੀ ਨੀਂਦ ਅਤੇ ਨਿਯਮਤ ਕਸਰਤ 'ਤੇ ਵਿਸ਼ੇਸ਼ ਜ਼ੋਰ ਦਿੱਤਾ। **BYTE**:
ਉਨ੍ਹਾਂ ਕਾਰਪੋਰੇਟ ਸੈਕਟਰ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀਆਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਪਹਿਲਕਦਮੀਆਂ ਵਿੱਚ ਸਿਹਤਮੰਦ

ਜਿਗਰ ਜਾਗਰੂਕਤਾ ਮੁਹਿੰਮ ਨੂੰ ਸ਼ਾਮਲ ਕਰਨ। ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਅਤੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੀ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।

---------------------------------------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਲੋਕਾਂ ਨੂੰ ਭੋਜਨ ਵਿੱਚ ਤੇਲ ਦੀ ਮਾਤਰਾ 10 ਫੀਸਦੀ ਘਟਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੀ ਅਪੀਲ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਭੋਜਨ ਨੂੰ ਦਵਾਈ ਵਜੋਂ ਲਿਆ ਜਾਵੇ, ਤਾਂ ਛੋਟੀਆਂ ਤਬਦੀਲੀਆਂ ਵੱਡੇ ਨਤੀਜੇ ਦੇ ਸਕਦੀਆਂ ਨੇ । ਸ਼੍ਰੀ ਨੱਡਾ ਦੀ ਪੋਸਟ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਪਹਿਲਕਦਮੀ ਨੂੰ ਵਿਸ਼ਵ ਜਿਗਰ ਦਿਵਸ ਦੇ ਮੱਦੇਨਜ਼ਰ, ਖੁਰਾਕ ਅਤੇ ਸਿਹਤਮੰਦ ਜੀਵਨ ਸ਼ੈਲੀ 'ਤੇ ਧਿਆਨ ਕੇਂਦਰਿਤ ਕਰਨ ਲਈ ਇੱਕ ਸ਼ਲਾਘਾਯੋਗ ਉਪਰਾਲਾ ਕਿਹਾ। ਉਨ੍ਹਾਂ ਕਿਹਾ ਕਿ ਤੇਲ ਦੀ ਮਾਤਰਾ ਘਟਾਉਣ ਵਰਗੇ ਸਾਦੇ ਬਦਲਾਅ ਬਹੁਤ ਪ੍ਰਭਾਵਸ਼ਾਲੀ ਹੋ ਸਕਦੇ ਨੇ । ਸ਼੍ਰੀ ਮੋਦੀ ਨੇ ਸਾਰਿਆਂ ਨੂੰ ਮੋਟਾਪੇ ਬਾਰੇ ਜਾਗਰੂਕਤਾ ਫੈਲਾ ਕੇ ਇੱਕ ਸਿਹਤਮੰਦ ਭਾਰਤ ਦੇ ਨਿਰਮਾਣ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

-------------------------------------------------------------------------------

ਪੰਜਾਬ ਪੁਲਿਸ ਨੇ ISI-ਅਧਾਰਿਤ ਦੋ ਦਹਿਸ਼ਤਗਰਦ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ, ਉਨ੍ਹਾਂ ਦੇ 13 ਕਾਰਕੁਨਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਵੱਡੀ ਖੇਪ ਸਮੇਤ ਗ੍ਰਿਫਤਾਰ ਕਰਕੇ, ਸੂਬੇ ਦੀ ਸ਼ਾਂਤੀ ਭੰਗ ਕਰਨ ਦੀ ਇੱਕ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਏ। ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਖੁਲਾਸਾ ਕੀਤਾ ਏ ਕਿ ਇਹ ਦੋਵੇਂ ਮਾਡਿਊਲ, ਫਰਾਂਸ ਅਤੇ ਗ੍ਰੀਸ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਕਾਰਕੁਨਾਂ ਵਲੋਂ ਚਲਾਏ ਜਾ ਰਹੇ ਸਨ, ਜੋ ਪਾਕਿਸਤਾਨ ਦੀ ਇੰਟਰ ਸਰਵਿਸਿਜ਼ ਇੰਟੈਲੀਜੈਂਸ ISI ਨਾਲ ਤਾਲਮੇਲ ਵਿੱਚ ਕੰਮ ਕਰ ਰਹੇ ਸਨ।**BYTE**:

ਸ੍ਰੀ ਯਾਦਵ ਨੇ ਕਿਹਾ ਕਿ ਇਨ੍ਹਾਂ ਗ੍ਰਿਫਤਾਰੀਆਂ ਅਤੇ ਬਰਾਮਦਗੀਆਂ ਨਾਲ, ਪੁਲਿਸ ਨੇ ਦਹਿਸ਼ਤ ਫੈਲਾਉਣ ਅਤੇ ਸ਼ਾਂਤੀ ਭੰਗ ਕਰਨ ਦੀ ਆਈ.ਐਸ.ਆਈ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਏ। ਅਗਲੇਰੀ ਜਾਂਚ ਜਾਰੀ ਏ।

-------------------------------------------------------------------------------

ਕੇਂਦਰੀ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅਮਰੀਕਾ ਵਿੱਚ ਐਫ.ਬੀ.ਆਈ ਵੱਲੋਂ ਬੱਬਰ ਖਾਲਸਾ

ਇੰਟਰਨੈਸ਼ਨਲ ਦੇ ਗੈਂਗਸਟਰ ਹੈਪੀ ਪਾਸੀਆਂ ਨੂੰ ਗ੍ਰਿਫ਼ਤਾਰ ਕਰਨ ਵਿਚ ਰਾਸ਼ਟਰੀਏ ਜਾਂਚ ਏਜੇਂਸੀ-NIA ਦੀ ਪੇਸ਼ੇਵਰ ਜਾਂਚ ਦੀ ਸ਼ਲਾਘਾ ਕੀਤੀ ਏ। ਇੱਕ ਬਿਆਨ ਵਿੱਚ ਸ੍ਰੀ ਬਿੱਟੂ ਨੇ ਕਿਹਾ ਕਿ ਹੈਪੀ ਪਾਸੀਆਂ ਪੰਜਾਬ ਅਤੇ ਚੰਡੀਗੜ੍ਹ ਵਿੱਚ ਕਈ ਗ੍ਰਨੇਡ ਹਮਲਿਆਂ ਅਤੇ ਸਰਹੱਦੀ ਸੂਬੇ ਵਿੱਚ ਦਹਿਸ਼ਤਗਰਦੀ ਗਤੀਵਿਧੀਆਂ ਵਿੱਚ ਲੋੜੀਂਦਾ ਸੀ। ਪਾਸੀਆਂ ਸੀਨੀਅਰ BJP ਨੇਤਾ ਮਨੋਰੰਜਨ ਕਾਲੀਆ ਦੇ ਜਲੰਧਰ ਵਿਖੇ ਘਰ 'ਤੇ ਗ੍ਰਨੇਡ ਹਮਲੇ ਦਾ ਮੁੱਖ ਸਾਜ਼ਿਸ਼ਕਰਤਾ ਵੀ ਸੀ। ਉਨ੍ਹਾਂ ਉਮੀਦ ਜਤਾਈ ਕਿ ਪਾਸੀਆਂ ਨੂੰ ਜਲਦੀ ਹੀ ਹਵਾਲਗੀ ਕਰ ਦਿੱਤਾ ਜਾਵੇਗਾ ਅਤੇ ਪੰਜਾਬ ਵਿੱਚ ਲੜੀਵਾਰ ਗ੍ਰਨੇਡ ਹਮਲਿਆਂ ਦੇ ਵਿਦੇਸ਼ਾਂ ਵਿੱਚ ਲੁਕੇ ਹੋਰ ਦੋਸ਼ੀਆਂ 'ਤੇ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

---

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਐਲਾਨ ਕੀਤਾ ਏ ਕਿ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਨਰਮੇ ਦੀ ਕਾਸ਼ਤ ਹੇਠ ਰਕਬਾ ਵਧਾਉਣ ਲਈ ਪੰਜਾਬ ਸਰਕਾਰ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਲੋਂ ਸਿਫ਼ਾਰਸ਼ ਕੀਤੇ ਬੀ.ਟੀ. ਕਾਟਨ ਹਾਈਬ੍ਰਿਡ ਬੀਜਾਂ 'ਤੇ 33 ਫੀਸਦ ਸਬਸਿਡੀ ਦੇਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ ਕਿ ਇਸ ਸਬਸਿਡੀ

ਪ੍ਰੋਗਰਾਮ ਲਈ 20 ਕਰੋੜ ਰੁਪਏ ਅਲਾਟ ਕੀਤੇ ਗਏ ਨੇ ਅਤੇ ਇਸ ਸਬਿਸਿਡੀ ਪ੍ਰੋਗਰਾਮ ਦਾ ਪੂਰਾ ਖ਼ਰਚਾ ਪੰਜਾਬ ਸਰਕਾਰ ਦੁਆਰਾ ਸਹਿਣ ਕੀਤਾ ਜਾਵੇਗਾ। ਇਸ ਨਾਲ ਨਰਮਾ ਕਾਸ਼ਤਕਾਰਾਂ 'ਤੇ ਵਿੱਤੀ ਬੋਝ ਨੂੰ ਘਟਾਉਣ ਦੇ ਨਾਲ-ਨਾਲ ਕਿਸਾਨਾਂ ਨੂੰ ਨਰਮੇ ਦੇ ਗੈਰ-ਸਿਫ਼ਾਰਸ਼ ਕੀਤੇ ਹਾਈਬ੍ਰਿਡ ਬੀਜਾਂ ਦੀ ਕਾਸ਼ਤ ਨਾ ਕਰਕੇ ਚੰਗੀ ਪੈਦਾਵਾਰ ਵਾਲੇ ਕੀਟ-ਰੋਧਕ ਬੀ.ਟੀ. ਕਾਟਨ ਹਾਈਬ੍ਰਿਡ ਬੀਜਾਂ ਦੀ ਕਾਸ਼ਤ ਲਈ ਉਤਸ਼ਾਹਿਤ ਕੀਤਾ ਜਾ ਸਕੇਗਾ। ਸ੍ਰੀ ਖੁੱਡੀਆਂ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਨੇ ਇਸ ਸਾਲ ਨਰਮੇ ਦੀ ਫਸਲ ਹੇਠ ਘੱਟੋ-ਘੱਟ 1 ਲੱਖ 25 ਹਜ਼ਾਰ ਹੈਕਟੇਅਰ ਰਕਬੇ ਤੱਕ ਵਧਾਉਣ ਦਾ ਟੀਚਾ ਮਿੱਥਿਆ ਏ। ਸੂਬੇ ਦੇ ਕਿਸਾਨਾਂ ਨੂੰ ਇਸ ਕਦਮ ਦਾ ਵੱਧ ਤੋਂ ਵੱਧ ਫਾਇਦਾ ਉਠਾਉਣ ਅਤੇ ਸਿਫ਼ਾਰਸ਼ ਕੀਤੇ ਬੀ.ਟੀ. ਕਾਟਨ ਹਾਈਬ੍ਰਿਡ ਬੀਜਾਂ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਸਬਸਿਡੀ ਪ੍ਰੋਗਰਾਮ ਸਾਡੇ ਨਰਮਾ ਉਦਯੋਗ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਫਸਲੀ ਵਿਭਿੰਨਤਾ ਨੂੰ ਅਪਨਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ। ਖੇਤੀਬਾੜੀ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਦੱਸਿਆ ਕਿ ਇਹ ਸਬਸਿਡੀ ਪ੍ਰੋਗਰਾਮ ਹਰੇਕ ਕਿਸਾਨ ਨੂੰ ਵੱਧ ਤੋਂ ਵੱਧ ਪੰਜ ਏਕੜ ਲਈ ਜਾਂ ਦਸ ਪੈਕੇਟ ਨਰਮੇ ਦੇ ਬੀਜ ਪ੍ਰਦਾਨ ਤੱਕ ਸੀਮਤ ਏ

। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬੀ.ਟੀ. ਕਾਟਨ ਬੀਜਾਂ ਦੀ ਖਰੀਦ ਸਬੰਧੀ ਢੁਕਵਾਂ ਬਿੱਲ ਜ਼ਰੂਰ ਲੈਣ।

--------------------------------------------------------------------------------

ਅੱਜ ਦੁਪਹਿਰ 12 ਵੱਜਕੇ 17 ਮਿੰਟ 'ਤੇ ਪੰਜਾਬ, ਚੰਡੀਗੜ੍ਹ ,ਜੰਮੂ-ਕਸ਼ਮੀਰ, ਅਤੇ ਦਿੱਲੀ-ਐਨ.ਸੀ.ਆਰ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ | **BYTE**:ਚੰਡੀਗੜ੍ਹ ਮੌਸਮ ਵਿਭਾਗ ਨੇ ਦੱਸਿਆ ਏ ਕਿ ਇਸਦੀ ਤੀਬਰਤਾ 5.8 ਸੀ ਅਤੇ ਇਸਦਾ ਕੇਂਦਰ ਅਫਗਾਨਿਸਤਾਨ-ਤਜ਼ਾਕਿਸਤਾਨ ਸਰਹੱਦ 'ਤੇ ਸੀ |

--------------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਨੰਗਲ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਨ ਅਤੇ ਸ਼ਹਿਰ ਦੇ ਵਸਨੀਕਾਂ ਦੇ ਜੀਵਨ-ਪੱਧਰ ਨੂੰ ਹੋਰ ਬਿਹਤਰ ਬਣਾਉਣ ਲਈ ਅੱਜ ਚੰਡੀਗੜ੍ਹ ਵਿਖੇ ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕੀਤੀ ਅਤੇ ਭਾਖੜਾ ਨੰਗਲ ਡੈਮ ਦੇ ਆਲੇ-ਦੁਆਲੇ ਵਸੇ ਇਸ ਸ਼ਹਿਰ ਨੂੰ ਦੀ ਸ਼ਾਨ ਨੂੰ ਸੁਰਜੀਤ ਕਰਨ ਮੰਗ ਰੱਖੀ। ਨੰਗਲ ਨੂੰ ਇੱਕ ਮਾਡਲ ਸ਼ਹਿਰ ਅਤੇ ਵਿਸ਼ਵ ਪੱਧਰੀ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਲਈ, ਕੇਂਦਰੀ ਮੰਤਰੀ ਤੋਂ ਨਿੱਜੀ ਦਖ਼ਲ ਦੀ

ਮੰਗ ਕਰਦਿਆਂ, ਹਰਜੋਤ ਬੈਂਸ ਨੇ ਕੇਂਦਰੀ ਮੰਤਰੀ ਅੱਗੇ ਵੱਖ-ਵੱਖ ਪ੍ਰਾਜੈਕਟਾਂ ਦੀ ਤਜਵੀਜ਼ ਰੱਖੀ , ਜਿਸ ਵਿੱਚ ਇੱਕ ਵਿਆਪਕ ਟਾਊਨਸ਼ਿਪ ਵਿਕਸਿਤ ਕਰਨ ਦੇ ਨਾਲ-ਨਾਲ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਸਤਲੁਜ ਦਰਿਆ ਦੇ ਆਲੇ-ਦੁਆਲੇ ਦੇ ਖੇਤਰ ਦਾ ਵਿਕਾਸ, ਸੁੰਦਰ ਰੇਲਵੇ ਲਾਈਨ ਵਿਛਾਉਣਾ ਅਤੇ ਭਾਖੜਾ ਨੰਗਲ ਡੈਮ ਅਜਾਇਬ ਘਰ ਦੇ ਉਸਾਰੀ ਕਾਰਜ ਨੂੰ ਪੂਰਾ ਕਰਨਾ ਸ਼ਾਮਲ ਸੀ। ਨੰਗਲ ਦੀ ਇਤਿਹਾਸਕ ਮਹੱਤਤਾ 'ਤੇ ਜ਼ੋਰ ਦਿੰਦਿਆਂ ਸ੍ਰੀ ਬੈਂਸ ਨੇ ਇਸ ਸ਼ਹਿਰ ਨੂੰ ਆਜ਼ਾਦੀ ਤੋਂ ਬਾਅਦ ਭਾਰਤ ਦੀ ਤਰੱਕੀ ਦੀ ਇੱਕ ਸ਼ਾਨਦਾਰ ਮਿਸਾਲ ਵਜੋਂ ਉਜਾਗਰ ਕੀਤਾ ।ਉਨ੍ਹਾਂ ਦੱਸਿਆ ਕਿ ਨੰਗਲ ਵਿੱਚ ਬੁਨਿਆਦੀ ਸ਼ਹਿਰੀ ਸਹੂਲਤਾਂ ਦੀ ਵੀ ਘਾਟ ਏ । ਭਾਖੜਾ ਨੰਗਲ ਡੈਮ ਮਿਊਜ਼ੀਅਮ ਦੇ ਕਾਰਜ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਮੰਗ ਰੱਖਦਿਆਂ ਉਨ੍ਹਾਂ ਇਸ ਅਜਾਇਬ ਘਰ ਦੇ ਨਿਰਮਾਣ ਵਿੱਚ ਲੰਬੀ ਦੇਰੀ 'ਤੇ ਚਾਨਣਾ ਪਾਇਆ ।

---

ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਦੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਅਗਵਾਈ ਵਿੱਚ ਅੱਜ ਨਗਰ ਨਿਗਮ ਅਤੇ ਕਮਿਸ਼ਨਰੇਟ ਪੁਲਿਸ ਜਲੰਧਰ ਵਲੋਂ ਨਸ਼ਾ ਤਸਕਰਾਂ ਦੀ ਮਾਡਲ ਹਾਊਸ

ਜਲੰਧਰ ਵਿਖੇ ਸਰਕਾਰੀ ਜ਼ਮੀਨ 'ਤੇ ਉਸਾਰੀ ਗੈਰ-ਕਾਨੂੰਨੀ ਜਾਇਦਾਦ ਨੂੰ ਢਾਹਿਆ ਗਿਆ । ਏ.ਸੀ.ਪੀ. ਪੱਛਮੀ ਸਵਰਨਜੀਤ ਸਿੰਘ ਨੇ ਦੱਸਿਆ ਕਿ ਨਗਰ ਨਿਗਮ ਵਲੋਂ ਸਰਕਾਰੀ ਜ਼ਮੀਨ 'ਤੇ ਗੈਰ ਕਾਨੂੰਨੀ ਉਸਾਰੀ ਬਾਰੇ ਜਾਣਕਾਰੀ ਪ੍ਰਾਪਤ ਹੋਣ ਤੋਂ ਬਾਅਦ ਅੱਜ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਡਿਊਟੀ ਮੈਜਿਸਟ੍ਰੇਟ ਦੀ ਹਾਜ਼ਰੀ ਵਿੱਚ ਇਸ ਗੈਰ ਕਾਨੂੰਨੀ ਉਸਾਰੀ ਨੂੰ ਢਾਹਿਆ ਗਿਆ। ਉਨ੍ਹਾਂ ਕਿਹਾ ਕਿ ਪੁਲਿਸ ਜਾਂਚ ਦੌਰਾਨ ਸਾਹਮਣੇ ਆਇਆ ਕਿ ਇਸ ਗੈਰ ਕਾਨੂੰਨੀ ਜਗ੍ਹਾ ਵਿੱਚ ਰਹਿ ਰਹੇ ਲਖਬੀਰ ਕੌਰ ਰੇਖਾ, ਉਸਦੇ ਪਤੀ ਸੰਦੀਪ ਕੁਮਾਰ ਅਤੇ ਰਿਸ਼ਤੇਦਾਰ ਸੂਰਜ ਖਿਲਾਫ ਤਿੰਨ-ਤਿੰਨ ਐਨ.ਡੀ.ਪੀ.ਐਸ. ਦੇ ਮੁਕਦਮੇ ਦਰਜ ਨੇ ।

ਏ.ਸੀ.ਪੀ. ਸਵਰਨਜੀਤ ਸਿੰਘ ਨੇ ਜਲੰਧਰ ਵਾਸੀਆਂ ਨੂੰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਜਾਰੀ ਵਟਸਐਪ ਨੰਬਰ 9779-100-200 'ਤੇ ਨਸ਼ਿਆਂ ਸਬੰਧੀ ਸੂਚਨਾ ਦਿੱਤੀ ਜਾ ਸਕਦੀ ਏ । ਉਨ੍ਹਾਂ ਭਰੋਸਾ ਦੁਆਇਆ ਕਿ ਨਸ਼ਿਆਂ ਸਬੰਧੀ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਬਿਲਕੁੱਲ ਗੁਪਤ ਰੱਖੀ ਜਾਵੇਗੀ।

---------------------------------------------------------------------------

ਪੰਜਾਬ ਵਿੱਚ ਬੀਤੇ 24 ਘੰਟਿਆਂ 'ਚ ਕਈ ਥਾਈਂ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ ਅਤੇ ਝੱਖੜ ਵੀ ਆਏ ਨੇ । ਮੌਸਮ ਵਿਭਾਗ ਨੇ ਅੱਜ ਅਤੇ ਕੱਲ 20 ਅਪ੍ਰੈਲ ਨੂੰ ਕੁਝ ਥਾਵਾਂ 'ਤੇ ਹਲਕੀ ਵਰਖਾ ਹੋਣ ਦੀ ਪੇਸ਼ੀਨਗੋਈ ਕੀਤੀ ਏ । ਕੁਝ ਥਾਵਾਂ 'ਤੇ ਤੇਜ਼ ਹਵਾਵਾਂ ਅਤੇ ਬਿਜਲੀ ਕੜਕਣ ਦੀ ਸੰਭਾਵਨਾ ਵੀ ਏ, ਪਰ ਸੂਬੇ ਵਿੱਚ ਆਮ ਤੌਰ ਤੇ ਮੌਸਮ ਖੁਸ਼ਕ ਰਹੇਗਾ । ਬੀਤੇ 24 ਘੰਟਿਆਂ 'ਚ, ਪੰਜਾਬ ਵਿੱਚ ਸਭ ਤੋਂ ਵੱਧ ਤਾਪਮਾਨ 42.6 ਡਿਗਰੀ ਸੈਲਸੀਅਸ ਬਠਿੰਡਾ ਵਿਖੇ ਜਦਕਿ ਸਭ ਤੋਂ ਘੱਟ 21.6 ਡਿਗਰੀ ਸੈਲਸੀਅਸ ਲੁਧਿਆਣਾ ਵਿਚ ਵਿੱਚ ਦਰਜ ਕੀਤਾ ਗਿਆ ਏ । ਮਾਨਸਾ, ਸੰਗਰੂਰ, ਪਟਿਆਲਾ, ਫਤਿਹਗੜ੍ਹ ਸਾਹਿਬ, ਫਰੀਦਕੋਟ, ਐਸ.ਏ.ਐਸ ਨਗਰ ਅਤੇ ਫਾਜ਼ਿਲਕਾ ਵਿੱਚ ਵੱਧ ਤੋਂ ਵੱਧ ਤਾਪਮਾਨ 36 ਤੋਂ 38 ਡਿਗਰੀ ਸੈਲਸੀਅਸ ਅਤੇ ਹੁਸ਼ਿਆਰਪੁਰ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ, ਤਰਨਤਾਰਨ, ਜਲੰਧਰ, ਕਪੂਰਥਲਾ ਅਤੇ ਮੋਗਾ ਵਿੱਚ 34 ਤੋਂ 36 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ ।

---------------------------------------------------------------------

- ਵਿਸ਼ਵ ਜਿਗਰ ਦਿਵਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸਰਕਾਰ ਦੇਸ਼ ਵਿੱਚ ਸਿਹਤ ਸੰਭਾਲ ਲਈ ਇੱਕ ਸੰਪੂਰਨ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ।
- ਪੰਜਾਬ ਪੁਲਿਸ ਨੇ ISI-ਅਧਾਰਿਤ ਦੋ ਦਹਿਸ਼ਤਗਰਦ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ, ਉਨ੍ਹਾਂ ਦੇ 13 ਕਾਰਕੁਨਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫਤਾਰ ਕੀਤਾ।
- ਪੰਜਾਬ ਸਰਕਾਰ ਨੇ ਸਿਫ਼ਾਰਸ਼ ਕੀਤੇ ਬੀ.ਟੀ. ਕਾਟਨ ਹਾਈਬ੍ਰਿਡ ਬੀਜਾਂ 'ਤੇ 33 ਫੀਸਦ ਸਬਸਿਡੀ ਦੇਣ ਦਾ ਕੀਤਾ ਫੈਸਲਾ ।
- ਭਾਰਤ ਦੇ ਪਹਿਲੇ ਉਪਗ੍ਰਹਿ ਆਰੀਆਭੱਟ ਨੇ ਅੱਜ 50 ਸਾਲ ਪੂਰੇ ਕੀਤੇ ।
- ਪੰਜਾਬ ਸਮੇਤ ਕਈ ਥਾਈਂ ਭੂਚਾਲ ਦੇ ਝਟਕੇ ਕੀਤੇ ਗਏ ਮਹਿਸੂਸ ਅਤੇ ਸੂਬੇ ਵਿੱਚ ਬੀਤੇ 24 ਘੰਟਿਆਂ 'ਚ ਕਈ ਥਾਈਂ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ ਅਤੇ ਝੱਖੜ ਵੀ ਆਏ ਨੇ - ਮੌਸਮ ਵਿਭਾਗ ਨੇ ਅੱਜ ਅਤੇ ਕੱਲ, ਕੁਝ ਥਾਵਾਂ 'ਤੇ ਹਲਕੀ ਵਰਖਾ ਹੋਣ ਦੀ ਪੇਸ਼ੀਨਗੋਈ ਕੀਤੀ ।